ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

## ਬਠਿੰਡਾ ਜ਼ਿਲ੍ਹੇ ਵਿਚ ਇਕ ਹੋਰ ਕਰੋਨਾ ਪਾਜਿਟਿਵ ਕੇਸ ਆਇਆ ਸਾਹਮਣੇ

## 142 ਨੈਗੇਟਿਵ ਰਿਪੋਰਟਾਂ ਵੀ ਪ੍ਰਾਪਤ

ਬਠਿੰਡਾ, 6 ਜੂਨ

ਬਠਿੰਡਾ ਜ਼ਿਲ੍ਹੇ ਦੀ ਮੌੜ ਤਹਿਸੀਲ ਵਿਚ ਇਕ ਵਿਅਕਤੀ ਦੀ ਕੋਵਿਡ 19 ਦੀ ਟੈਸਟ ਰਿਪੋਰਟ ਪਾਜਿਟਿਵ ਆਈ ਹੈ। ਇਸ ਨਾਲ ਹੁਣ ਜ਼ਿਲ੍ਹੇ ਵਿਚ ਕਰੋਨਾ ਨਾਲ ਲੜਾਈ ਲੜ ਰਹੇ ਲੋਕਾਂ ਦੀ ਗਿਣਤੀ 11 ਹੋ ਗਈ ਹੈ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਬਾਲਗ ਵਿਅਕਤੀ ਹੈ ਜੋ ਕਿ ਦਿੱਲੀ ਤੋਂ ਪਰਤਿਆ ਸੀ। ਜ਼ਿਲ੍ਹੇ ਵਿਚ ਆਉਣ ਤੋਂ ਲੈਕੇ ਉਹ ਹੋਮ ਕੁਆਰਨਟਾਈਨ ਵਿਚ ਸੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤੋਂ ਬਿਨ੍ਹਾਂ ਅੱਜ 142 ਨੈਗੇਟਿਵ ਰਿਪੋਰਟਾਂ ਵੀ ਪ੍ਰਾਪਤ ਹੋਈਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਵਿਚ ਕੁੱਲ 61 ਲੋਕਾਂ ਦੀ ਕਰੋਨਾ ਟੈਸਟ ਰਿਪੋਰਟ ਪਾਜਿਟਿਵ ਆਈ ਹੈ।ਜਿੰਨ੍ਹਾਂ ਵਿਚੋਂ 50 ਠੀਕ ਹੋ ਕੇ ਘਰਾਂ ਨੂੰ ਪਰਤ ਚੁੱਕੇ ਹਨ ਅਤੇ 11 ਡਾਕਟਰੀ ਦੇਖਰੇਖ ਹੇਠ ਹਨ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਘਰ ਤੋਂ ਬਾਹਰ ਨਿਕਲਦੇ ਸਮੇਂ ਸਾਰੀਆਂ ਸਾਵਧਾਨੀਆਂ ਦਾ ਪਾਲਣ ਕਰਨ। ਉਨ੍ਹਾਂ ਨੇ ਕਿਹਾ ਕਿ ਜਨਤਕ ਥਾਂਵਾਂ ਤੇ ਦੂਸਰੇ ਵਿਅਕਤੀਆਂ ਦੀ ਸਿਹਤ ਸਥਿਤੀ ਦਾ ਅੰਦਾਜਾ ਨਹੀਂ ਲਗਾਇਆ ਜਾ ਸਕਦਾ ਹੈ।ਇਸ ਲਈ ਜਨਤਕ ਥਾਂਵਾਂ ਤੇ ਮਾਸਕ ਲਾਜਮੀ ਪਾ ਕੇ ਰੱਖੋ ਅਤੇ ਇਕ ਦੂਜੇ ਤੋਂ 6 ਫੁੱਟ ਦੀ ਦੂਰੀ ਰੱਖੋ। ਬੱਚਿਆਂ ਤੇ ਬਜੁਰਗਾਂ ਨੂੰ ਘਰ ਤੋਂ ਨਾ ਨਿਕਲਣ ਦੀ ਸਲਾਹ ਹੈ।

I/31590/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਬਠਿੰਡਾ

-ਮਿਸ਼ਨ ਫਤਿਹ -

## ਪੰਜਾਬ ਕਰੋਨਾ ਸੰਕਟ ਕਾਰਨ ਆਈ ਮੰਦੀ ਤੇ ਫਤਿਹ ਹਾਸਲ ਕਰਕੇ ਦੂਜੇ ਸੂਬਿਆਂ ਲਈ ਬਣੇਗਾ ਚਾਣਨ ਮੁਨਾਰਾ- ਮਨਪ੍ਰੀਤ ਸਿੰਘ ਬਾਦਲ

-ਖੇਤੀ ਅਰਥਚਾਰਾ ਬਦਲੇਗਾ ਸੂਬੇ ਦੀ ਆਰਥਿਕ ਤਕਦੀਰ

-ਸੂਬਾ ਸਰਕਾਰ ਲੋਕ ਇੱਛਾਵਾਂ ਅਨੁਸਾਰ ਆਪਣੀਆਂ ਅਗਲੀਆਂ ਨੀਤੀਆਂ ਬਣਾਏਗੀ

-ਵਿੱਤ ਮੰਤਰੀ ਵੱਲੋਂ ਬਠਿੰਡਾ ਸ਼ਹਿਰ ਦੇ ਲੋਕਾਂ ਨਾਲ ਕੋਵਿਡ ਸੰਕਟ ਵਿਚੋਂ ਨਿਕਲਣ ਸਬੰਧੀ ਵਿਊਂਤਬੰਦੀ ਲਈ ਵਿਚਾਰਾਂ

ਬਠਿੰਡਾ, 6 ਜੂਨ : ਪੰਜਾਬ ਦੇ ਵਿੱਤ ਮੰਤਰੀ ਸ: ਮਨਪ੍ਰੀਤ ਸਿੰਘ ਬਾਦਲ ਨੇ ਆਖਿਆ ਹੈ ਕਿ ਪੰਜਾਬ ਬਿਹਤਰ ਆਰਥਿਕ ਪ੍ਰਬੰਧਨ ਰਾਹੀਂ ਕੋਵਿਡ 19 ਸੰਕਟ ਕਾਰਨ ਆਈ ਮੰਦੀ ਵਿਚੋਂ ਸਫਲਤਾ ਨਾਲ ਬਾਹਰ ਨਿਕਲਣ ਵਿਚ ਕਾਮਯਾਬ ਹੋਵੇਗਾ ਅਤੇ ਸੁੱਚਜੇ ਪ੍ਰਬੰਧਨ ਰਾਹੀਂ ਪੰਜਾਬ ਰਾਜ ਦੂਜਿਆਂ ਸੂਬਿਆਂ ਲਈ ਚਾਣਨ ਮੁਨਾਰਾ ਸਾਬਤ ਹੋਵੇਗਾ।

ਅੱਜ ਬਠਿੰਡਾ ਸ਼ਹਿਰ ਦੇ ਬਜਾਰਾਂ ਅਤੇ ਮੁਹਲਿਆਂ ਵਿਚ ਲੋਕਾਂ ਨਾਲ ਮਿਲ ਕੇ ਸੂਬੇ ਦੇ ਅਰਥਚਾਰੇ ਸਬੰਧੀ ਉਨ੍ਹਾਂ ਦੇ ਸੁਝਾਅ ਲੈਣ ਅਤੇ ਉਨ੍ਹਾਂ ਦੀਆਂ ਮੁਸਕਿਲਾਂ ਸੁਣਨ ਪੁੱਜੇ ਵਿੱਤ ਮੰਤਰੀ ਨੇ ਕਿਹਾ ਕਿ ਜਦ ਪਿੰਡਾਂ ਦੇ ਲੋਕਾਂ ਦੀ ਆਵਾਜਾਈ ਵਧੇਗੀ ਤਾਂ ਮਾਰਕਿਟ ਵਿਚ ਤੇਜੀ ਆਵੇਗੀ। ਸ: ਬਾਦਲ ਨੇ ਕਿਹਾ ਕਿ ਕਣਕ, ਆਲੂ ਅਤੇ ਕਿੰਨੂੰ ਦੇ ਮੰਡੀਕਰਨ ਤੋਂ ਦਿਹਾਤੀ ਪੰਜਾਬ ਵਿਚ 32000 ਕਰੋੜ ਰੁਪਏ ਪਹੁੰਚੇ ਹਨ ਅਤੇ ਇਹ ਰਕਮ ਜਦ ਆਉਣ ਵਾਲੇ 4-5 ਮਹੀਨਿਆਂ ਵਿਚ ਲੋਕਾਂ ਵੱਲੋਂ ਖਰਚੀ ਜਾਵੇਗੀ ਤਾਂ ਬਜਾਰ ਅਤੇ ਸੂਬੇ ਦਾ ਸਮੁਚਾ ਅਰਥਚਾਰਾ ਮੰਦੀ ਵਿਚੋਂ ਨਿਕਲ ਆਵੇਗਾ।

ਸ: ਮਨਪ੍ਰੀਤ ਸਿੰਘ ਬਾਦਲ ਨੇ ਇਸ ਦੌਰਾਨ ਸ਼ਹਿਰ ਦੇ ਵੱਖ ਵੱਖ ਬਜਾਰਾਂ ਅਤੇ ਮੁਹਲਿਆਂ ਵਿਚ ਪੁੱਜ ਕੇ ਲੋਕਾਂ ਨਾਲ ਵਿਸਥਾਰ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਕਿਹਾ ਕਿ ਇਸ ਸੰਕਟ ਦੇ ਸਮੇਂ ਵਿਚ ਲੋਕ ਹਿੱਤ ਦੀਆਂ ਨੀਤੀਆਂ ਚੰਡੀਗੜ੍ਹ ਜਾਂ ਦਿੱਲੀ ਬੈਠ ਕੇ ਨਹੀਂ ਬਣਾਈਆਂ ਜਾ ਸਕਦੀਆਂ ਹਨ। ਇਸ ਲਈ ਉਹ ਖੁਦ ਲਗਾਤਾਰ ਲੋਕਾਂ ਨੂੰ ਮਿਲ ਕੇ

ਉਨ੍ਹਾਂ ਦੇ ਸੁਝਾਅ ਲੈ ਰਹੇ ਹਨ ਤਾਂ ਜੋ ਲੋਕ ਇੱਛਾਵਾਂ ਅਨੁਸਾਰ ਸੂਬਾ ਸਰਕਾਰ ਆਉਣ ਵਾਲੇ ਸਮੇਂ ਵਿਚ ਆਪਣੀਆਂ ਨੀਤੀਆਂ ਬਣਾ ਸਕੇ ਅਤੇ ਕੋਵਿਡ 19 ਕਾਰਨ ਪੈਦਾ ਹੋਏ ਸੰਕਟ ਵਿਚੋਂ ਸਭ ਨੂੰ ਕੱਢਿਆ ਜਾ ਸਕੇ।

ਵਿੱਤ ਮੰਤਰੀ ਨੇ ਕਿਹਾ ਕਿ ਇਸ ਤੋਂ ਬਿਨ੍ਹਾਂ ਇਸ ਸਮੇਂ ਲੋਕਾਂ ਦੇ ਮਨਾਂ ਵਿਚੋਂ ਬਿਮਾਰੀ ਦਾ ਸਹਿਮ ਅਤੇ ਡਰ ਕੱਢਣਾ ਵੀ ਜਰੂਰੀ ਹੈ। ਉਨ੍ਹਾਂ ਨੇ ਕਿਹਾ ਕਿ ਲੋਕ ਇਸ ਮੁਸਕਿਲ ਵਿਚ ਆਪਣੇ ਆਪ ਨੂੰ ਇੱਕਲੇ ਨਾ ਸਮਝਣ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਸੂਬਾ ਸਰਕਾਰ ਉਨ੍ਹਾਂ ਦੇ ਨਾਲ ਖੜੀ ਹੈ। ਉਨ੍ਹਾਂ ਨੇ ਕਿਹਾ ਕਿ ਇਸੇ ਉਦੇਸ਼ ਤਹਿਤ ਰਾਜ ਸਰਕਾਰ ਨੇ ਮਿਸ਼ਨ ਫਤਿਹ ਲਾਂਚ ਕੀਤਾ ਹੈ ਤਾਂ ਕਿ ਜਨ ਸਧਾਰਨ ਦੇ ਮਨ ਵਿਚ ਇਸ ਬਿਮਾਰੀ ਦੇ ਨਾਲ ਲੜਨ ਦਾ ਜਜਬਾ ਪੈਦਾ ਕੀਤਾ ਜਾ ਸਕੇ ਅਤੇ ਲੋਕਾਂ ਨੂੰ ਇਸ ਬਿਮਾਰੀ ਨੂੰ ਦੂਰ ਰੱਖਣ ਵਾਲੀਆਂ ਸਾਵਧਾਨੀਆਂ ਪ੍ਰਤੀ ਜਾਗਰੂਕ ਕੀਤਾ ਜਾ ਸਕੇ।

ਇਸ ਦੌਰਾਨ ਵਿੱਤ ਮੰਤਰੀ ਨੇ ਅੱਜ ਆਰੀਆ ਸਮਾਜ ਚੌਂਕ ਤੋਂ ਕਿਲਾ ਮੁਬਾਰਕ ਮਾਰਕਿਟ ਤੱਕ ਬਜਾਰ ਦਾ ਅਤੇ ਇਸ ਤੋਂ ਬਿਨ੍ਹਾਂ ਸ਼ਕਤੀ ਨਗਰ, ਟੈਗੋਰ ਨਗਰ, ਪੰਚਵਟੀ ਨਗਰ ਆਦਿ ਇਲਾਕਿਆਂ ਦਾ ਦੌਰਾ ਕਰਕੇ ਲੋਕਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਮੁਸਕਿਲਾਂ ਸੁਣੀਆਂ।

ਇਸ ਮੌਕੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸ੍ਰੀ ਕੇ ਕੇ ਅਗਰਵਾਲ, ਸ਼ਹਿਰੀ ਪ੍ਰਧਾਨ ਸ੍ਰੀ ਅਰੁਣ ਵਧਾਵਨ, ਸ੍ਰੀ ਪਵਨ ਮਾਨੀ, ਸ੍ਰੀ ਮੋਹਨ ਲਾਲ ਝੁੰਬਾ, ਸ੍ਰੀ ਰਾਜਨ ਗਰਗ, ਸ੍ਰੀ ਰਾਜੂ ਭੱਠੇਵਾਲਾ, ਸ੍ਰੀ ਸਾਜਨ ਸ਼ਰਮਾ, ਸ੍ਰੀ ਹੇਮੰਤ ਸ਼ਰਮਾ, ਸ੍ਰੀ ਪ੍ਰਕਾਸ਼ ਚੰਦ ਨੱਥੂਰਾਮ, ਸ੍ਰੀ ਜਗਤਾਰ ਵਿਕੀ, ਰਾਜ ਨੰਬਰਦਾਰ, ਯੂਥ ਪ੍ਰਧਾਨ ਕਾਂਗਰਸ ਸ੍ਰੀ ਬਲਜੀਤ ਸਿੰਘ, ਸ੍ਰੀ ਹਰੀ ਓਮ ਠਾਕੁਰ ਆਦਿ ਹਾਜ਼ਰ ਸਨ।

I/31647/2020

DISTRICT PUBLIC RELATIONS OFFICER, BATHINDA

## MISSION FATEH: PUNJAB TO BE AN EXAMPLE FOR OTHER STATES IN WINNING OVER THE CORONA CRISIS: MANPREET BADAL

### SAYS, AGRI-BASED ECONOMY WILL TRANSFORM THE DESTINY OF THE STATE

### THE STATE GOVERNMENT WILL FORM NEW POLICIES IN CONSONANCE WITH THE PEOPLE'S ASPIRATIONS

### DISCUSSES STRATEGY WITH THE BATHINDA RESIDENTS ON EMERGING OUT OF THIS CRISES

Bathinda, June 6-

Punjab Finance Minister Mr. Manpreet Singh Badal said that the state is set to succeed in winning the financial crisis caused by COVID-19 with careful economic management measures and that will set an example for other states.

Interacting with the people in the markets and colonies of Bathina on Saturday, the FM said that with the increased mobility and money circulation will help boost the market sentiment.

Mr. Badal said that with the procurement of wheat, potato and kinnow has pumped in nearly Rs. 32,000 Crore in the Punjab economy. In the coming weeks and months, this money will certainly lead to a revival as cash flow increases and money circulation picks up.

In the meantime, Mr. Manpreet Singh Badal reached out to people in various markets and residential areas in Bathinda and engaged in numerous consultations with various sections of society.

He said that in the wake of the prevailing pandemic, it is difficult to draft people-friendly policies while sitting in the offices in Delhi or Chandigarh, and that is why he was constantly meeting people and soliciting their valuable suggestions. Out policies to overcome the crisis caused due to the pandemic will be drafted in consonance with people's aspirations, demands and requirements.

The FM said that along with confronting the pandemic, it was equally important to eradicate panic caused by this disease. In this hour of crisis, people will not find themselves alone as state government led by Chief Minister Captain Amarinder Singh like always is standing with them.

Mr. Badal said that keeping in mind this objective; the state government has launched `Mission Fateh' to spread mass awareness against this disease.

The Finance Minister today visited the Arya Samaj Chowk to Qila Mubarak Market besides Shakti Nagar, Panchwati Nagar, Tagore Nagar, and other localities. On the occasion Chairman Improvement Trust Mr. K.K. Aggarwal, City President Mr. Arun Wadhawan, Mr. Pawan Mani, Mr. Mohan Lal Jhumba, Mr. Rajan Garg, Mr. Sajan Sharma, Mr. Hemant Sharma, Mr. Parkash Chand Nathuram, Mr. Jagtar Vicky, Nambardar Mr. Raj, Youth Congress President Mr. Baljeet Singh, Mr. Hari Om Thakur, and others were present.

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਬਠਿੰਡਾ

-ਮਿਸ਼ਨ ਫਤਿਹ-

ਸਿਵਲ ਹਸਪਤਾਲ ਗੋਨਿਆਣਾ ਵਿਖੇ ਕਰੋਨਾ ਦੀ ਜਾਂਚ ਸਬੰਧੀ ਸੈਂਪਲ ਲੈਣੇ ਸ਼ੁਰੂ

18 ਸਟਾਫ ਮੈਂਬਰਾਂ ਅਤੇ 6 ਗਰਭਵਤੀ ਔਰਤਾਂ ਦੇ ਲਏ ਗਏ ਸੈਂਪਲ

ਬਠਿੰਡਾ, 06 ਜੂਨ (          ) : ਸਿਹਤ ਮੰਤਰੀ ਸ. ਬਲਵੀਰ ਸਿੰਘ ਸਿੱਧੂ ਦੀ ਰਹਿਨੁਮਾਈ ਹੇਠ ਸਿਵਲ ਸਰਜਨ ਡਾ. ਅਮਰੀਕ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੱਜ ਸਿਵਲ ਹਸਪਤਾਲ ਗੋਨਿਆਣਾ ਵਿਖੇ ਕਰੋਨਾ ਵਾਇਰਸ ਦੀ ਜਾਂਚ ਸਬੰਧੀ ਸੈਂਪਲ ਲੈਣ ਦੀ ਸ਼ੁਰੂਆਤ ਕੀਤੀ ਗਈ ਹੈ।

ਸੀਨੀਅਰ ਮੈਡੀਕਲ ਅਫ਼ਸਰ ਗੋਨਿਆਣਾ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸਿਵਲ ਹਸਪਤਾਲ ਗੋਨਿਆਣਾ ਵਿਖੇ 18 ਸਟਾਫ਼ ਮੈਂਬਰਾਂ ਅਤੇ 6 ਗਰਭਵਤੀ ਔਰਤਾਂ ਦੇ ਕਰੋਨਾ ਵਾਇਰਸ ਸਬੰਧੀ ਸੈਂਪਲ ਲਏ ਗਏ, ਜਿਨਾਂ ਨੂੰ ਜਾਂਚ ਲਈ ਲੈਬ ਵਿਖੇ ਭੇਜਿਆ ਜਾਵੇਗਾ। ਉਨਾਂ ਦੱਸਿਆ ਕਿ ਸਰਕਾਰ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਿਹਤ ਕਰਮਚਾਰੀਆਂ, ਆਸ਼ਾ ਵਰਕਰਾਂ, ਆਂਗਣਵਾੜੀ ਵਰਕਰਾਂ, ਸਫ਼ਾਈ ਕਰਮਚਾਰੀਆਂ, ਪੁਲਿਸ ਮੁਲਾਜਮ, ਫਰੰਟ ਲਾਈਨ ਵਰਕਰ, ਅਪਰੇਸ਼ਨ ਵਾਲੇ ਮਰੀਜ਼ਾਂ, ਕਰੋਨਾ ਪਾਜੀਟਿਵ ਮਰੀਜਾਂ ਦੇ ਨਜ਼ਦੀਕੀ, ਗਰਭਵਤੀ ਔਰਤਾਂ, ਇੰਟਰਨੈਸ਼ਨਲ ਅਤੇ ਘਰੈਲੂ ਯਾਤਰੀ, ਪੁਲਿਸ ਵੱਲੋਂ ਫੜੇ ਮੁਜ਼ਰਮਾਂ, ਹਸਪਤਾਲ ਦੇ ਮਰੀਜ਼ਾਂ ਅਤੇ ਸਲੱਮ ਏਰੀਆ ਵਿੱਚ ਕੰਮ ਕਰਨ ਅਤੇ ਰਹਿਣ ਵਾਲੇ ਵਿਅਕਤੀਆਂ ਦੇ ਕਰੋਨਾ ਦੀ ਜਾਂਚ ਸਬੰਧੀ ਸੈਂਪਲ ਲੈ ਕੇ ਲੈਬਰਾਟਰੀ ਵਿਖੇ ਭੇਜੇ ਜਾਣਗੇ। ਉਨਾਂ ਇਹ ਵੀ ਦੱਸਿਆ ਕਿ ਸਿਵਲ ਹਸਪਤਾਲ ਗੋਨਿਆਣਾ ਵਿਖੇ ਡਾ. ਲਵਦੀਪ ਸਿੰਘ ਨੇ ਇਹ ਸੈਂਪਲ ਲਏ ਅਤੇ ਇਨਾਂ ਦੇ

ਨਾਲ ਟੀਮ ਮੈਂਬਰ ਜਸਪ੍ਰੀਤ ਸਿੰਘ(ਫਾਰਮਾਸਿਸਟ), ਜਸਵਿੰਦਰ ਕੌਰ (ਸੀ.ਐਚ.ਓ.), ਰੁਪਿੰਦਰ ਕੌਰ (ਸੀ.ਐਚ.ਓ.), ਪ੍ਰਿਤਪਾਲ ਕੌਰ (ਸਟਾਫ ਨਰਸ), ਵਰਿੰਦਰ ਸਿੰਘ (ਉਪਵੈਦ) ਅਤੇ ਅਮਨਿੰਦਰ ਕੌਰ (ਉਪਵੈਦ) ਨੇ ਸੈਂਪਲ ਕੁਲੈਕਸ਼ਨ ਅਤੇ ਪੈਕਿੰਗ ਦਾ ਕੰਮ ਦੇਖ ਰਹੇ ਹਨ।

ਉਨਾਂ ਇਹ ਵੀ ਦੱਸਿਆ ਕਿ ਸਿਹਤ ਬਲਾਕ ਗੋਨਿਆਣਾ ਦੇ 70 ਪਿੰਡਾਂ ਵਿੱਚ ਸਿਹਤ ਵਿਭਾਗ ਦੇ ਮਪਹਵ ਸੁਪਰਵਾਈਜਰ, ਸੀ.ਐਚ.ਓਜ਼, ਮਪਹਵ ਮੇਲ ਫੀਮੇਲ, ਆਸ਼ਾ ਵਰਕਰਾਂ ਵੱਲੋਂ ਪਿਛਲੇ ਕੁੱਝ ਮਹੀਨਿਆਂ ਤੋਂ ਬਤੌਰ ਰੈਪਿਡ ਰਿਸਪਾਂਸ ਟੀਮ ਕੀਤਾ ਜਾ ਰਿਹਾ ਹੈ। ਇਸ ਦੇ ਇਲਾਵਾ ਲਖਵਿੰਦਰ ਸਿੰਘ ਬਲਾਕ ਐਜੂਕੇਟਰ ਦੁਆਰਾ ਪਿੰਡਾਂ ਵਿੱਚ ਆਮ ਲੋਕਾਂ ਨੂੰ ਕਰੋਨਾ ਸਬੰਧੀ ਸਿਹਤ ਵਿਭਾਗ ਅਤੇ ਸਰਕਾਰ ਦੀਆਂ ਹਦਾਇਤਾਂ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਬਲਾਕ ਦੀਆਂ ਸਾਰੀਆਂ ਟੀਮਾਂ ਨਾਲ ਕਰੋਨਾ ਸਬੰਧੀ ਬਤੌਰ ਕੋਆਰਡੀਨੇਟਰ ਕੰਮ ਕੀਤਾ ਜਾ ਰਿਹਾ ਹੈ ।

I/31681/2020